Tape/CD: 1328

ਪੰਨਾ ੪੯੪

ਗੂਜਰੀ ਮਹਲਾ ੪ ॥ ਜਿਨ ਸਤਿਗੁਰੁ ਪੁਰਖੁ ਜਿਨਿ ਹਰਿ ਪ੍ਰਭੁ ਪਾਇਆ ਮੋ ਕਉ ਕਰਿ ਉਪਦੇਸੁ ਹਰਿ ਮੀਠ ਲਗਾਵੈ ॥ ਮਨੁ ਤਨੁ ਸੀਤਲੁ ਸਭ ਹਰਿਆ ਹੋਆ ਵਡਭਾਗੀ ਹਰਿ ਨਾਮੁ ਧਿਆਵੈ ॥ ੧ ॥ ਭਾਈ ਰੇ ਮੋ ਕਉ ਕੋਈ ਆਇ ਮਿਲੈ ਹਰਿ ਨਾਮੁ ਦ੍ਰਿੜਾਵੈ ॥ ਮੇਰੇ ਪ੍ਰੀਤਮ ਪ੍ਰਾਨ ਮਨੁ ਤਨੁ ਸਭੁ ਦੇਵਾ ਮੇਰੇ ਹਰਿ ਪ੍ਰਭ ਕੀ ਹਰਿ ਕਥਾ ਸੁਨਾਵੈ ॥ ੧ ॥ ਰਹਾਉ ॥ ਧੀਰਜੁ ਧਰਮੁ ਗੁਰਮਤਿ ਹਰਿ ਪਾਇਆ ਨਿਤ ਹਰਿ ਨਾਮੈ ਹਰਿ ਸਿਉ ਚਿਤੁ ਲਾਵੈ ॥ ਅੰਮ੍ਰਿਤ ਬਚਨ ਸਤਿਗੁਰ ਕੀ ਬਾਣੀ ਜੋ ਬੋਲੈ ਸੋ ਮੁਖਿ ਅੰਮ੍ਰਿਤੁ ਪਾਵੈ ॥ ੨ ॥ ਨਿਰਮਲੁ ਨਾਮੁ ਜਿਤੁ ਮੈਲੁ ਨ ਲਾਗੈ ਗੁਰਮਤਿ ਨਾਮੁ ਜਪੈ ਲਿਵ ਲਾਵੈ ॥ ਨਾਮੁ ਪਦਾਰਥੁ ਜਿਨ ਨਰ ਨਹੀ ਪਾਇਆ ਸੇ ਭਾਗਹੀਣ ਮੁਏ ਮਰਿ ਜਾਵੈ ॥ ੩ ॥ ਆਨਦ ਮੂਲੁ ਜਗਜੀਵਨ ਦਾਤਾ ਸਭ ਜਨ ਕਉ ਅਨਦੁ ਕਰਹੁ ਹਰਿ ਧਿਆਵੈ ॥ ਤੂੰ ਦਾਤਾ ਜੀਅ ਸਭਿ ਤੇਰੇ ਜਨ ਨਾਨਕ ਗੁਰਮੁਖਿ ਬਖਸਿ ਮਿਲਾਵੈ ॥ ੪ ॥ ੬ ॥

Tape/CD: 1328

# ਪੰਨਾ ੪੪੯

ਗੁਰਮੁਖਿ ਪਿਆਰੇ ਆਇ ਮਿਲੁ ਮੈ ਚਿਰੀ ਵਿਛੁੰਨੇ
ਰਾਮ ਰਾਜੇ ॥ ਮੇਰਾ ਮਨੁ ਤਨੁ ਬਹੁਤੁ ਬੈਰਾਗਿਆ
ਹਰਿ ਨੈਣ ਰਸਿ ਭਿੰਨੇ ॥ ਮੈ ਹਰਿ ਪ੍ਰਭੁ ਪਿਆਰਾ
ਦਸਿ ਗੁਰੁ ਮਿਲਿ ਹਰਿ ਮਨੁ ਮੰਨੇ ॥ ਹਉ ਮੂਰਖੁ
ਕਾਰੈ ਲਾਈਆ ਨਾਨਕ ਹਰਿ ਕੰਮੇ ॥ ੩ ॥

Tape/CD: 1328

ਪੰਨਾ ੭੫੮-੭੫੯

ਰਾਗੁ ਸੂਹੀ ਮਹਲਾ ੪ ਅਸਟਪਦੀਆ ਘਰੁ ੧੦ ੧ਓ ਸਤਿਗੁਰ ਪ੍ਰਸਾਦਿ॥

ਅੰਦਰਿ ਸਚਾ ਨੇਹੁ ਲਾਇਆ ਪ੍ਰੀਤਮ ਆਪਣੈ ॥ ਤਨੁ ਮਨੁ ਹੋਇ ਨਿਹਾਲੁ ਜਾ ਗੁਰੁ ਦੇਖਾ ਸਾਮ੍ਹਣੇ ॥ ੧ ॥ ਮੈ ਹਰਿ ਹਰਿ ਨਾਮੁ ਵਿਸਾਹੁ ॥ ਗੁਰ ਪੂਰੇ ਤੇ ਪਾਇਆ ਅੰਮ੍ਰਿਤੁ ਅਗਮ ਅਥਾਹੁ ॥ ੧ ॥ ਰਹਾਉ ॥ ਹਉ ਸਤਿਗੁਰੁ ਵੇਖਿ ਵਿਗਸੀਆ ਹਰਿ ਨਾਮੇ ਲਗਾ ਪਿਆਰੁ ॥ ਕਿਰਪਾ ਕਰਿ ਕੈ ਮੇਲਿਅਨੁ ਪਾਇਆ ਮੋਖ ਦੁਆਰੁ ॥ ੨ ॥ ਸਤਿਗੁਰੁ ਬਿਰਹੀ ਨਾਮ ਕਾ ਜੇ ਮਿਲੈ ਤ ਤਨੁ ਮਨੁ ਦੇਉ ॥ ਜੇ ਪੂਰਬਿ ਹੋਵੈ ਲਿਖਿਆ ਤਾ ਅੰਮ੍ਰਿਤੁ ਸਹਜਿ ਪੀਏਉ ॥ ੩ ॥ ਸੁਤਿਆ ਗੁਰੁ ਸਾਲਾਹੀਐ ਉਠਦਿਆ ਭੀ ਗੁਰੁ ਆਲਾਉ ॥ ਕੋਈ ਐਸਾ ਗੁਰਮੁਖਿ ਜੇ ਮਿਲੈ ਹਉ ਤਾ ਕੇ ਧੋਵਾ ਪਾਉ ॥ ੪ ॥ ਕੋਈ ਐਸਾ ਸਜਣੁ ਲੋੜਿ ਲਹੁ ਮੈ ਪ੍ਰੀਤਮੁ ਦੇਇ ਮਿਲਾਇ ॥ ਸਤਿਗੁਰਿ ਮਿਲਿਐ ਹਰਿ ਪਾਇਆ ਮਿਲਿਆ ਸਹਜਿ ਸੁਭਾਇ ॥ ੫ ॥ ਸਤਿਗੁਰੁ ਸਾਗਰੁ ਗੁਣ ਨਾਮ ਕਾ ਮੈ ਤਿਸੁ ਦੇਖਣ ਕਾ ਚਾਉ ॥ ਹਉ ਤਿਸੁ ਬਿਨੁ ਘੜੀ ਨ ਜੀਵਊ ਬਿਨੁ ਦੇਖੇ ਮਰਿ ਜਾਉ ॥ ੬ ॥ ਜਿਉ ਮਛੁਲੀ ਵਿਣੁ ਪਾਣੀਐ ਰਹੈ ਨ ਕਿਤੈ ਉਪਾਇ ॥ ਤਿਉ ਹਰਿ ਬਿਨੁ ਸੰਤੁ ਨ ਜੀਵਈ ਬਿਨੁ ਹਰਿ ਨਾਮੈ ਮਰਿ ਜਾਇ ॥ ੭ ॥ ਮੈ ਸਤਿਗੁਰ ਸੇਤੀ ਪਿਰਹੜੀ ਕਿਉ ਗੁਰ ਬਿਨੁ ਜੀਵਾ ਮਾਉ ॥ ਮੈ ਗੁਰਬਾਣੀ ਆਧਾਰੁ ਹੈ ਗੁਰਬਾਣੀ ਲਾਗਿ ਰਹਾਉ ॥ ੮ ॥ ਹਰਿ ਹਰਿ ਨਾਮੁ ਰਤੰਨੁ ਹੈ ਗੁਰੁ ਤੁਠਾ ਦੇਵੈ ਮਾਇ ॥ ਮੈ ਧਰ ਸਚੇ ਨਾਮ ਕੀ ਹਰਿ ਨਾਮਿ ਰਹਾ ਲਿਵ ਲਾਇ ॥ ੯ ॥ ਗੁਰ ਗਿਆਨੁ ਪਦਾਰਥੁ ਨਾਮੁ ਹੈ ਹਰਿ ਨਾਮੋ ਦੇਇ ਦ੍ਰਿੜਾਇ ॥ ਜਿਸੁ ਪਰਾਪਤਿ ਸੋ ਲਹੈ ਗੁਰ ਚਰਣੀ ਲਾਗੈ ਆਇ ॥ ੧੦ ॥ ਅਕਥ ਕਹਾਣੀ ਪ੍ਰੇਮ ਕੀ ਕੋ ਪ੍ਰੀਤਮੁ ਆਖੈ ਆਇ ॥ ਤਿਸੁ ਦੇਵਾ ਮਨੁ ਆਪਣਾ ਨਿਵਿ ਨਿਵਿ ਲਾਗਾ ਪਾਇ ॥ ੧੧ ॥ ਸਜਣੁ ਮੇਰਾ ਏਕੁ ਤੂੰ ਕਰਤਾ ਪੁਰਖੁ ਸੁਜਾਣੁ ॥ ਸਤਿਗੁਰਿ ਮੀਤਿ ਮਿਲਾਇਆ ਮੈ ਸਦਾ ਸਦਾ ਤੇਰਾ ਤਾਣੁ ॥ ੧੨ ॥ ਸਤਿਗੁਰੁ ਮੇਰਾ ਸਦਾ ਸਦਾ ਨਾ ਆਵੈ ਨ ਜਾਇ ॥ ਓਹੁ ਅਬਿਨਾਸੀ ਪੁਰਖੁ ਹੈ ਸਭ ਮਹਿ ਰਹਿਆ ਸਮਾਇ ॥ ੧੩ ॥ ਰਾਮ ਨਾਮ ਧਨੁ ਸੰਚਿਆ ਸਾਬਤੁ ਪੂੰਜੀ ਰਾਸਿ ॥ ਨਾਨਕ ਦਰਗਹ ਮੰਨਿਆ ਗੁਰ ਪੂਰੇ ਸਾਬਾਸਿ ॥ ੧੪ ॥ ੧ ॥ ੨ ॥ ੧੧ ॥